**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 18-02-2025**

- ਕੇਂਦਰ ਸਰਕਾਰ ਨੇ ਮਾਲੀ ਸਾਲ 2024-25 ਦੌਰਾਨ ਪੰਜਾਬ ਵਿੱਚ ਦਿਹਾਤੀ ਸਥਾਨਕ ਸੰਸਥਾਵਾਂ ਲਈ 15ਵੇਂ ਵਿੱਤ ਕਮਿਸ਼ਨ ਦੀਆਂ ਗ੍ਰਾਂਟਾਂ ਜਾਰੀ ਕਰ ਦੀਤੀਆਂ ਨੇ. ਸੂਬੇ ਨੂੰ 225 ਕਰੋੜ ਰੁਪਏ ਤੋਂ ਵੱਧ ਦੀ ਅਨਟਾਈਡ ਗ੍ਰਾਂਟਾਂ ਦੀ ਪਹਿਲੀ ਕਿਸ਼ਤ ਜਾਰੀ ਕੀਤੀ ਗਈ ਏ ।
- ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ (PM-FBY) ਨੇ ਅੱਜ ਨੌਂ ਸਾਲ ਪੂਰੇ ਕਰ ਲਏ ਨੇ।
- ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਦਾ ਕਹਿਣਾ ਏ ਕਿ ਸੂਬਾ ਸਰਕਾਰ ਆਮ ਲੋਕਾਂ ਨੂੰ ਸੁਚੱਜਾ ਪ੍ਰਸ਼ਾਸਨ ਦੇਣ ਲਈ ਵਚਨਬੱਧ ਤੇ ਯਤਨਸ਼ੀਲ .

- ਪੰਜਾਬ ਪੱਛੜੀਆਂ ਸ਼੍ਰੇਣੀਆਂ ਭੌਂ ਵਿਕਾਸ ਅਤੇ ਵਿੱਤ ਨਿਗਮ (ਬੈਕ-ਫਿੰਕੋ) ਦੇ ਚੇਅਰਮੈਨ, ਸੰਦੀਪ ਸੈਣੀ ਨੇ ਪੰਜਾਬ ਦੇ ਨੌਜਵਾਨਾਂ, ਵਿਸ਼ੇਸ਼ ਤੌਰ ਤੇ ਜੋ ਬੀਤੇ ਦਿਨੀ ਵਿਦੇਸ਼ੋਂ ਵਾਪਿਸ ਆਏ ਨੌਜੁਆਨਾਂ ਨੂੰ ਅਪੀਲ ਕੀਤੀ ਏ ਕਿ ਉਹ ਨਿਗਮ ਵੱਲੋਂ ਪ੍ਰਦਾਨ ਕੀਤੀਆਂ ਗਈਆਂ ਘੱਟ ਵਿਆਜ ਵਾਲੀਆਂ ਕਰਜ਼ਾ ਸਕੀਮਾਂ ਦਾ ਲਾਭ ਲੈਣ।
- ਪੰਜਾਬ ਕਲਾ ਪਰਿਸ਼ਦ, ਚੰਡੀਗੜ੍ਹ ਵੱਲੋਂ, ਐਚ. ਐਮ. ਵੀ, ਕਾਲਜ ਜਲੰਧਰ ਦੇ ਸਹਿਯੋਗ ਨਾਲ,  ਮਹਿੰਦਰ ਸਿੰਘ ਰੰਧਾਵਾ, ਸੁਰਜੀਤ ਪਾਤਰ ਅਤੇ ਮਾਤ ਭਾਸ਼ਾ ਨੂੰ ਸਮਰਪਿਤ 'ਪੰਜਾਬ ਗੌਰਵ ਅਤੇ ਮਾਤ ਭਾਸ਼ਾ ਸਨਮਾਨ ਸਮਾਰੋਹ 2025 ਕਰਾਇਆ ਗਿਆ.

--------------------------------------------------

ਕੇਂਦਰ ਸਰਕਾਰ ਨੇ ਮਾਲੀ ਸਾਲ 2024-25 ਦੌਰਾਨ ਪੰਜਾਬ ਵਿੱਚ ਦਿਹਾਤੀ ਸਥਾਨਕ ਸੰਸਥਾਵਾਂ ਲਈ 15ਵੇਂ ਵਿੱਤ ਕਮਿਸ਼ਨ ਦੀਆਂ ਗ੍ਰਾਂਟਾਂ ਜਾਰੀ ਕਰ ਦੀਤੀਆਂ ਨੇ. ਪੰਚਾਇਤੀ ਰਾਜ ਸੰਸਥਾਵਾਂ ਤੇ ਦਿਹਾਤੀ ਸਥਾਨਕ ਸੰਸਥਾਵਾਂ ਨੂੰ ਦਿੱਤੀਆਂ ਗਈਆਂ ਇਹ ਗ੍ਰਾਂਟਾਂ ਜ਼ਮੀਨੀ ਪੱਧਰ 'ਤੇ ਲੋਕਤੰਤਰ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ

ਨੇ. ਇੱਕ ਰਿਪੋਰਟ -ਕੇਂਦਰ ਸਰਕਾਰ ਵਲੋਂ ਪੰਜਾਬ ਦੀਆਂ ਇਹਨਾਂ ਸੰਸਥਾਵਾਂ ਲਈ 225 ਕਰੋੜ ਰੁਪਏ ਤੋਂ ਵੱਧ ਦੀ ਅਨਟਾਈਡ ਗ੍ਰਾਂਟਾਂ ਦੀ ਪਹਿਲੀ ਕਿਸ਼ਤ ਜਾਰੀ ਕੀਤੀ ਗਈ ਹੈ। ਇਹ ਫੰਡ 13,144 ਯੋਗ ਗ੍ਰਾਮ ਪੰਚਾਇਤਾਂ, 146 ਯੋਗ ਬਲਾਕ ਪੰਚਾਇਤਾਂ ਅਤੇ ਰਾਜ ਦੀਆਂ ਸਾਰੀਆਂ 22 ਜ਼ਿਲ੍ਹਾ ਪੰਚਾਇਤਾਂ ਲਈ ਹਨ। ਟਾਈਡ ਗ੍ਰਾਂਟਾਂ ਦੀ ਵਰਤੋਂ ਸਾਫ ਸਫਾਈ ਅਤੇ ODF ਸਥਿਤੀ ਦੀ ਸਾਂਭ-ਸੰਭਾਲ ਦੀਆਂ ਬੁਨਿਆਦੀ ਸੇਵਾਵਾਂ ਲਈ, ਘਰੇਲੂ ਰਹਿੰਦ-ਖੂੰਹਦ ਦੇ ਪ੍ਰਬੰਧਨ,ਪੀਣ ਵਾਲੇ ਪਾਣੀ ਦੀ ਸਪਲਾਈ, ਮੀਂਹ ਦੇ ਪਾਣੀ ਦੀ ਸੰਭਾਲ ਅਤੇ ਪਾਣੀ ਦੀ ਦੁਬਾਰਾ ਤੋਂ ਵਰਤੋਂ ਲਯੀ ਕੀਤੀ ਜਾ ਸਕਦੀ ਏ।

---------------------------------------------------------------

ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ (PM-FBY) ਨੇ ਅੱਜ ਨੌਂ ਸਾਲ ਪੂਰੇ ਕਰ ਲਏ ਨੇ। ਪ੍ਰਧਾਨ ਮੰਤਰੀ NRENDRA ਮੋਦੀ ਨੇ 2016 ਵਿੱਚ ਇਸ ਯੋਜਨਾ ਦੀ ਸ਼ੁਰੂਆਤ ਕੀਤੀ ਸੀ, ਜਿਸਦਾ ਉਦੇਸ਼ ਫਸਲਾਂ ਦੇ ਨੁਕਸਾਨ ਅਤੇ ਕੁਦਰਤੀ ਆਫ਼ਤਾਂ ਕਾਰਨ ਹੋਏ ਨੁਕਸਾਨ ਤੋਂ ਪੀੜਤ ਕਿਸਾਨਾਂ ਨੂੰ ਸਹਾਇਤਾ ਪ੍ਰਦਾਨ ਕਰਨਾ ਏ। ਇਸ ਸਕੀਮ ਨੇ ਨਿਵੇਕਲੇ

ਖੇਤੀਬਾੜੀ ਢੰਗ – ਤਰੀਕਿਆਂ ਨੂੰ ਅਪਣਾਏ ਜਾਣ ਨੂੰ ਉਤਸ਼ਾਹਿਤ ਕਰਦੇ ਹੋਏ ਕਿਸਾਨਾਂ ਦੀ ਆਮਦਨ ਨੂੰ ਸਥਿਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਏ। ਯੋਜਨਾ ਦੀ ਸਫਲਤਾ ਅਤੇ ਸੰਭਾਵਨਾਵਾਂ ਨੂੰ ਮਾਨਤਾ ਦੇਣ ਤੋਂ ਬਾਅਦ, ਕੇਂਦਰੀ ਮੰਤਰੀ ਮੰਡਲ ਨੇ 69 ਹਜ਼ਾਰ 515 ਕਰੋੜ ਰੁਪਏ ਤੋਂ ਵੱਧ ਦੇ ਕੁੱਲ ਬਜਟ ਦੇ ਨਾਲ ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਅਤੇ ਪੁਨਰਗਠਿਤ - ਮੌਸਮ ਆਧਾਰਿਤ ਫਸਲ ਬੀਮਾ ਯੋਜਨਾ ਨੂੰ 2025-26 ਤੱਕ ਜਾਰੀ ਰੱਖਣ ਨੂੰ ਮਨਜ਼ੂਰੀ ਦਿੱਤੀ ਸੀ।

---------------------------------------------------------------

ਦਿੱਲੀ ਭਾਜਪਾ ਵਿਧਾਇਕ ਦਲ ਦੀ ਮੀਟਿੰਗ ਭਲਕੇ ਨਵੀਂ ਦਿੱਲੀ ਵਿੱਚ ਹੋਵੇਗੀ। ਬੈਠਕ 'ਚ ਭਾਜਪਾ ਦੇ ਸਾਰੇ ਨਵੇਂ ਚੁਣੇ ਵਿਧਾਇਕ ਅਤੇ ਪਾਰਟੀ ਦੇ ਸੀਨੀਅਰ ਨੇਤਾ ਹਿੱਸਾ ਲੈਣਗੇ। ਪਾਰਟੀ ਹਲਕਿਆਂ ਮੁਤਾਬਿਕ ਮੀਟਿੰਗ ਦੌਰਾਨ ਦਿੱਲੀ ਦੇ ਅਗਲੇ ਮੁੱਖ ਮੰਤਰੀ ਦਾ ਨਾਂ ਤੈਅ ਹੋਣ ਦੀ ਸੰਭਾਵਨਾ ਏ। ਅਗਲੇ ਮੁੱਖ ਮੰਤਰੀ ਦਾ ਸਹੁੰ ਚੁੱਕ ਸਮਾਗਮ ਵੀਰਵਾਰ ਨੂੰ ਰਾਸ਼ਟਰੀ ਰਾਜਧਾਨੀ ਦੇ ਰਾਮਲੀਲਾ ਮੈਦਾਨ 'ਚ ਹੋਣ ਦੀ ਉਮੀਦ ਏ।

ਦਿੱਲੀ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਨੇ 70 ਵਿੱਚੋਂ 48 ਸੀਟਾਂ ਜਿੱਤੀਆਂ ਸਨ।

---------------------------------------------------------

ਸਥਾਨਕ ਸਰਕਾਰਾਂ ਬਾਰੇ ਕੈਬਨਿਟ ਮੰਤਰੀ ਪੰਜਾਬ ਡਾ. ਰਵਜੋਤ ਸਿੰਘ ਨੇ ਸਥਾਨਕ ਦਫਤਰ ਨਿਗਰ ਨਿਗਮ ਬਠਿੰਡਾ ਵਿਖੇ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕੀਤੀ. ਇਸ ਮੌਕੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸ਼ਹਿਰ ਅੰਦਰ ਸਾਫ-ਸਫਾਈ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਕਰਨ ਨੂੰ ਤਰਜੀਹ ਦਿੱਤੀ ਜਾਵੇ। ਇਸ ਤੋਂ ਇਲਾਵਾ ਉਨ੍ਹਾਂ ਅਧਿਕਾਰੀਆਂ ਨੂੰ ਜ਼ਿਲ੍ਹੇ ਅਧੀਨ ਪੈਂਦੇ ਵੱਖ-ਵੱਖ ਵਾਰਡਾਂ ਦੀਆਂ ਸਫਾਈ, ਸੀਵਰੇਜ, ਪਾਣੀ ਦੀ ਸਪਲਾਈ, ਸੜਕ‘ਤੇ  ਲਾਈਟਾਂ ਆਦਿ ਨਾਲ ਸਬੰਧਤ ਸਮੱਸਿਆਵਾਂ ਦੇ ਨਿਪਟਾਰੇ ਲਈ ਆਦੇਸ਼ ਵੀ ਦਿੱਤੇ।  ਸ਼ਹਿਰ ਅੰਦਰ ਕੂੜੇ ਦੇ ਪ੍ਰਬੰਧ ਲਈ ਕੀਤੇ ਜਾ ਰਹੇ ਉਪਰਾਲਿਆਂ ਦਾ ਜਾਇਜ਼ਾ ਲੈਂਦਿਆਂ ਡਾ. ਰਵਜੋਤ ਸਿੰਘ ਨੇ ਕੂੜੇ ਦਾ ਵਿਗਿਆਨਕ ਢੰਗ ਨਾਲ ਨਿਪਟਾਰਾ ਕਰਵਾਉਣ ’ਤੇ ਜ਼ੋਰ ਦਿੱਤਾ। ਇਸ ਮੌਕੇ ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ

ਕਿ ਸੂਬਾ ਸਰਕਾਰ ਵੱਲੋਂ ਵਿਕਾਸ ਕਾਰਜਾਂ ਲਈ ਦਿੱਤੀਆਂ ਜਾਣ ਵਾਲੀਆਂ ਗਰਾਂਟਾਂ ਦੀ ਸਹੀ ਤੇ ਸਮੇਂ ਸਿਰ ਵਰਤੋਂ ਕੀਤੀ ਜਾਵੇ। ਇਸ ਉਪਰੰਤ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਮੀਡੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਓਹਨਾਂ ਇਹ ਵੀ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਆਮ ਲੋਕਾਂ ਨੂੰ ਸੁਚੱਜਾ ਪ੍ਰਸ਼ਾਸਨ ਦੇਣ ਲਈ ਹਮੇਸ਼ਾ ਹੀ ਵਚਨਬੱਧ ਤੇ ਯਤਨਸ਼ੀਲ ਏ । ਇਕ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵਲੋਂ ਭ੍ਰਿਸ਼ਟਾਚਾਰ ਨੂੰ ਬਿਲਕੁਲ ਵੀ ਬਰਦਾਸ਼ਤ ਨਾ ਕਰਨ  ਦੀ ਅਪਣਾਈ ਜਾ ਰਹੀ ਨੀਤੀ ਦੇ ਉਸਾਰੂ ਨਤੀਜ਼ੇ ਸਾਹਮਣੇ ਆ ਰਹੇ ਨੇ. ਉਨ੍ਹਾਂ ਇਹ ਵੀ ਕਿਹਾ ਕਿ ਸੂਬਾ ਸਰਕਾਰ ਦੇ ਸਖਤ ਆਦੇਸ਼ ਨੇ ਕਿ ਰਿਸ਼ਵਤ ਲੈਣ ਵਾਲੇ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ। ਇਸ ਤੋਂ ਪਹਿਲਾ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੂੰ ਸਥਾਨਕ ਦਫ਼ਤਰ ਨਗਰ ਨਿਗਮ ਵਿਖੇ ਪਹੁੰਚਣ 'ਤੇ ਪੁਲਿਸ ਦੀ ਟੁਕੜੀ ਵਲੋਂ ਗਾਰਡ ਆਫ ਆਨਰ ਵੀ ਦਿੱਤਾ ਗਿਆ.

---------------------------------------------------

ਪੰਜਾਬ ਪੱਛੜੀਆਂ ਸ਼੍ਰੇਣੀਆਂ ਭੌਂ ਵਿਕਾਸ ਅਤੇ ਵਿੱਤ ਨਿਗਮ (ਬੈਕ-ਫਿੰਕੋ) ਦੇ ਚੇਅਰਮੈਨ, ਸੰਦੀਪ ਸੈਣੀ ਨੇ ਪੰਜਾਬ ਦੇ ਨੌਜਵਾਨਾਂ, ਵਿਸ਼ੇਸ਼ ਤੌਰ ਤੇ ਜੋ ਬੀਤੇ ਦਿਨੀ ਵਿਦੇਸ਼ੋਂ ਵਾਪਿਸ ਆਏ ਨੇ, ਓਹਨਾ ਨੂੰ ਅਪੀਲ ਕੀਤੀ ਏ ਕਿ ਉਹ ਨਿਗਮ ਦੁਆਰਾ ਪ੍ਰਦਾਨ ਕੀਤੀਆਂ ਗਈਆਂ ਘੱਟ ਵਿਆਜ ਵਾਲੀਆਂ ਕਰਜ਼ਾ ਸਕੀਮਾਂ ਦਾ ਲਾਭ ਲੈਣ। ਉਨ੍ਹਾਂ ਨੇ ਰਾਜ ਦੇ ਅੰਦਰ ਆਪਣਾ ਰੁਜ਼ਗਾਰ ਸਥਾਪਤ ਕਰਨ ਵਿੱਚ ਇਨ੍ਹਾਂ ਸਕੀਮਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ-Byte ਉਨ੍ਹਾਂ ਕਿਹਾ ਕਿ ਇਨ੍ਹਾਂ ਸਕੀਮਾਂ ਦਾ ਉਦੇਸ਼ ਸੂਬੇ ਦੇ ਪੱਛੜੇ ਵਰਗਾਂ, ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਅਤੇ ਘੱਟ ਗਿਣਤੀ ਸਮੂਹਾਂ, ਜਿਨ੍ਹਾਂ ਵਿੱਚ ਸਿੱਖ, ਮੁਸਲਮਾਨ, ਬੋਧੀ, ਜੈਨ ਅਤੇ ਹੋਰ ਸ਼ਾਮਲ ਹਨ, ਦੇ ਆਰਥਿਕ ਮਿਆਰ ਨੂੰ ਉੱਚਾ ਚੁੱਕਣਾ ਏ । ਉਨ੍ਹਾਂ ਨੌਜਵਾਨਾਂ ਨੂੰ ਵਿਦੇਸ਼ਾਂ ਵਿੱਚ ਮੌਕਿਆਂ ਦੀ ਭਾਲ ਨਾਲੋਂ ਸਥਾਨਕ ਰੁਜ਼ਗਾਰ ਦੇ ਮੌਕਿਆਂ ਨੂੰ ਤਰਜੀਹ ਦੇਣ ਦੀ ਅਪੀਲ ਕੀਤੀ । ਸ੍ਰੀ ਸੈਣੀ ਨੇ ਕਿਹਾ ਕਿ ਪਿਛਲੇ ਤਿੰਨ ਸਾਲਾਂ ਵਿੱਚ ਨੌਜਵਾਨਾਂ ਨੂੰ 50 ਹਜ਼ਾਰ ਤੋਂ ਵੱਧ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਨੇ ਅਤੇ ਰਾਜ ਸਰਕਾਰ ਆਉਣ ਵਾਲੇ ਦਿਨਾਂ ਵਿੱਚ ਹਜ਼ਾਰਾਂ ਹੋਰ ਨੌਕਰੀਆਂ ਪੈਦਾ ਕਰਨ ਲਈ ਵਚਨਬੱਧ ਏ ।

---------------------------------------------------------------

ਭਾਰਤੀ ਹਥਿਆਰਬੰਦ ਫੌਜਾਂ ਵਿੱਚ ਨੌਜਵਾਨਾਂ ਨੂੰ ਕਰੀਅਰ ਦੇ ਮੌਕਿਆਂ ਬਾਰੇ ਜਾਗਰੂਕਤਾ ਲਈ TWO ਪੰਜਾਬ NCC ਬਟਾਲੀਅਨ ਵਲੋਂ ਅੱਜ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਇਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ । ਇਸ ਵਿੱਚ 2 ਹਜ਼ਾਰ NCC ਕੈਡਿਟਾਂ ਅਤੇ ਵਿਦਿਆਰਥੀਆਂ ਨੇ ਹਿਸਾ ਲਿਆ। ਬਟਾਲੀਅਨ ਦੇ ਕਮਾਂਡਿੰਗ ਅਫ਼ਸਰ ਕਰਨਲ ਵਿਨੋਦ ਜੋਸ਼ੀ ਨੇ ਫੌਜ ਵਿੱਚ ਅਫ਼ਸਰ ਬਣਨ ਦੇ ਅਮਲ, ਲੋੜੀਂਦੀ ਸਿੱਖਿਆ, ਉਮਰ ਅਤੇ ਲਿਖਤੀ ਪ੍ਰੀਖਿਆਵਾਂ ਬਾਰੇ ਜਾਣਕਾਰੀ ਦਿੱਤੀ. ਓਹਨਾ ਦੱਸਿਆ ਕਿ ਹਰ ਸਾਲ 3 ਹਜ਼ਾਰ ਅਧਿਕਾਰੀ ਥਲ ਸੇਨਾ, ਸਮੁੰਦਰੀ ਫੌਜ ਅਤੇ ਹਵਾਈ ਫੌਜ ਵਿੱਚ ਕਮਿਸ਼ਨ ਪ੍ਰਾਪਤ ਕਰਕੇ ਅਧਿਕਾਰੀ ਬਣਦੇ ਨੇ. ਕਰਨਲ ਜੋਸ਼ੀ ਨੇ UPSC ਦੀ ਲਿਖਤੀ ਪ੍ਰੀਖਿਆ ਤੋਂ ਬਾਅਦ ਹੋਣ ਵਾਲੀ ਪੰਜ ਦਿਨਾਂ ਸਰਵਿਸ ਸਿਲੈਕਸ਼ਨ ਬੋਰਡ ਪ੍ਰੀਖਿਆ ਬਾਰੇ ਵਿਸਥਾਰ ਨਾਲ ਚਰਚਾ ਕਰਦਿਆਂ ਇਸ ਵਿਚ ਬੁੱਧੀ, ਤਰਕਸ਼ੀਲ ਸੋਚ, ਰਚਨਾਤਮਕਤਾ ਅਤੇ ਸਕਾਰਾਤਮਕ ਸੋਚ ਦੀ ਵਰਤੋਂ ਕਰਨ ਬਾਰੇ ਜਾਣਕਾਰੀ ਦਿਤੀ । ਓਹਨਾ ਨੇ NCC ਕੈਡਿਟਾਂ ਅਤੇ

ਵਿਦਿਆਰਥੀਆਂ ਨੂੰ ਹਥਿਆਰਬੰਦ ਫੌਜਾਂ ਵਿੱਚ ਉਪਲਬਧ ਸਹੂਲਤਾਂ ਅਤੇ ਜ਼ਿੰਮੇਵਾਰੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਕਰਨਲ ਜੋਸ਼ੀ ਨੇ ਵਿਦਿਆਰਥੀਆਂ ਨੂੰ ਮਨੋਵਿਗਿਆਨ ਦੇ ਚਾਰ ਟੈਸਟਾਂ ਅਤੇ ਇੰਟਰਵਿਊ ਦੀ ਤਿਆਰੀ ਬਾਰੇ ਜਾਣਕਾਰੀ ਵੀ ਦਿੱਤੀ।

--------------------------------------------------------

ਪੰਜਾਬ ਦੇ ਫਰੀਦਕੋਟ ਜ਼ਿਲ੍ਹੇ ਵਿੱਚ ਅੱਜ ਸਵੇਰੇ ਇੱਕ ਨਿੱਜੀ ਬੱਸ ਦੇ ਹਾਦਸੇ ਦਾ ਸ਼ਿਕਾਰ ਹੋ ਕੇ ਨਾਲੇ ਵਿੱਚ ਡਿੱਗਣ ਕਾਰਨ ਘੱਟੋ-ਘੱਟ 5 ਵਿਅਕਤੀਆਂ ਦੀ ਮੌਤ ਹੋ ਗਈ ਅਤੇ 30 ਹੋਰ ਜ਼ਖ਼ਮੀ ਹੋ ਗਏ, ਨੇ ਜਿਨ੍ਹਾਂ ਵਿੱਚੋਂ ਕੁਝ ਦੀ ਹਾਲਤ ਗੰਭੀਰ ਏ।ਅਧਿਕਾਰਤ ਹਲਕਿਆਂ ਮੁਤਾਬਕ ਬੱਸ ਯਾਤਰੀਆਂ ਨਾਲ ਭਰੀ ਹੋਈ ਸੀ। ਕੋਟਕਪੂਰਾ-ਫਰੀਦਕੋਟ ਰੋਡ 'ਤੇ ਸਾਹਮਣਿਓਂ ਆ ਰਹੇ ਟਰੱਕ ਨਾਲ ਟਕਰਾਉਣ ਤੋਂ ਬਚਣ ਦੀ ਕੋਸ਼ਿਸ਼ ਕਰਦੇ ਹੋਏ ਇਹ ਸੜਕ ਤੋਂ ਤਿਲਕ ਕੇ ਨਾਲੇ 'ਚ ਜਾ ਡਿੱਗੀ। ਫਰੀਦਕੋਟ ਦੇ ਪੁਲਿਸ ਮੁਖੀ ਡਾ: ਪ੍ਰਗਿਆ ਜੈਨ ਨੇ ਦੱਸਿਆ ਕਿ ਜ਼ਖ਼ਮੀਆਂ ਨੂੰ ਹਸਪਤਾਲਾਂ ਵਿੱਚ ਦਾਖ਼ਲ ਕਰਵਾਇਆ ਗਿਆ ਏ – BYTE ਪੰਜ ਮ੍ਰਿਤਕਾਂ ਵਿੱਚੋਂ ਤਿੰਨ ਦੀ ਪਛਾਣ ਹੋ ਗਈ ਏ ਜਿਹਨਾਂ ਵਿੱਚ ਇੱਕ ਮਹਿਲਾ

ਅਧਿਆਪਕ ਵੀ ਸ਼ਾਮਲ ਏ। FIR ਦਰਜ ਕਰ ਲਈ ਗਈ ਏ ਅਤੇ ਜਾਂਚ ਜਾਰੀ ਏ । ਇਸ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਨੇ ਪੁੱਛਗਿੱਛ ਲਈ ਦੋ ਹੈਲਪਲਾਈਨ ਨੰਬਰ 9 8 7 2 3-0 0 1 3 8 ਅਤੇ 7 8 8 8 6-1 5 1 2 1 ਸਥਾਪਤ ਕੀਤੇ ਨੇ. ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਹਾਦਸੇ'ਚ ਹੋਏ ਜਾਨੀ ਨੁਕਸਾਨ 'ਤੇ ਦੁਖ ਪ੍ਰਗਟ ਕਰਦਿਆਂ, ਜ਼ਖਮੀਆਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਕੀਤੀ ਏ. ਮੁਖ ਮੰਤਰੀ ਨੇ ਕਿਹਾ ਏ ਕਿ ਓਹਨਾਂ ਨੇ ਪ੍ਰਸ਼ਾਸਨ ਨੂੰ ਜ਼ਖਮੀਆਂ ਦੀ ਹਰ ਸੰਭਵ ਮਦਦ ਕਰਨ ਲਈ ਕਿਹਾ ਏ.

---------------------------------------------------

ਸ੍ਰੀ ਆਕਾਲ ਤਖਤ ਸਾਹਿਬ ਵਲੋਂ ਬਣਾਈ 7 ਮੈਂਬਰੀ ਕਮੇਟੀ ਦੀ ਅਹਿਮ ਬੈਠਕ ਅੱਜ ਪਟਿਆਲਾ ਵਿਖੇ ਹੋਈ . SGPC ਪ੍ਰਧਾਨ ਤੇ ਕਮੇਟੀ ਦੇ ਚੇਅਰਮੈਨ ਹਰਜਿੰਦਰ ਸਿੰਘ ਧਾਮੀ ਨੇ ਬੀਤੇ ਕੱਲ ਅਸਤੀਫਾ ਦੇ ਦਿੱਤਾ ਏ ਤੇ ਅੱਜ ਮੀਟਿੰਗ ਤੋ ਪਹਿਲਾ ਦੂਸਰੇ ਮੈਂਬਰ ਪ੍ਰੋ ਕਿਰਪਾਲ ਸਿੰਘ ਬਡੂੰਗਰ ਨੇ ਵੀ ਆਪਣਾ ਅਸਤੀਫਾ ਭੇਜ ਕੇ ਅਕਾਲ ਤਖ਼ਤ ਤੋਂ ਮੰਗ ਕੀਤੀ ਕਿ ਓਹਨਾ ਨੂੰ ਇਸ ਜ਼ਿੰਮੇਵਾਰੀ ਤੋਂ ਫਾਰਗ ਕੀਤਾ ਜਾਵੇ. ਪਰ ਬਾਕੀ ਬਚੇ

ਪੰਜ ਮੈਂਬਰਾਂ ਨੇ ਮੀਟਿੰਗ ਤੋਂ ਬਾਅਦ ਇਹ ਫੈਸਲਾ ਕੀਤਾ ਕਿ ਹੁਣ ਉਹ ਇੱਕ ਪੱਤਰ ਅਕਾਲ ਤਖ਼ਤ ਸਾਹਿਬ ਨੂੰ ਦੇਣਗੇ ਅਤੇ ਜਿਹੜੀ ਵੀ ਡਿਊਟੀ ਅਕਾਲ ਤਖ਼ਤ ਸਾਹਿਬ ਵਲੋਂ ਲਾਈ ਜਾਵੇਗੀ ਉਸਨੂੰ ਪੂਰਾ ਕਰਨਗੇ. ਇਹ ਐਲਾਨ ਕਮੇਟੀ ਮੈਬਰ ਇੰਕਬਲ ਸਿੰਘ ਝੂੰਦਾ,ਗੁਰਪ੍ਰਤਾਪ ਸਿੰਘ ਵਡਾਲਾ ਤੇ ਮਨਪ੍ਰੀਤ ਸਿੰਘ ਇਆਲੀ ਵਲੋ ਬਾਕੀ ਦੋ ਮੈਬਰਾਂ ਸਮੇਤ ਪ੍ਰੈਸ ਕਾਨਫਰੰਸ ਦੌਰਾਨ ਕੀਤਾ ਗਿਆ.

---------------------------------------------------------

ਪੰਜਾਬ ਕਲਾ ਪਰਿਸ਼ਦ, ਚੰਡੀਗੜ੍ਹ ਵੱਲੋਂ, ਐਚ. ਐਮ. ਵੀ, ਕਾਲਜ ਜਲੰਧਰ ਦੇ ਸਹਿਯੋਗ ਨਾਲ, ਮਹਿੰਦਰ ਸਿੰਘ ਰੰਧਾਵਾ, ਸੁਰਜੀਤ ਪਾਤਰ ਅਤੇ ਮਾਤ ਭਾਸ਼ਾ ਨੂੰ ਸਮਰਪਿਤ 'ਪੰਜਾਬ ਗੌਰਵ ਅਤੇ ਮਾਤ ਭਾਸ਼ਾ ਸਨਮਾਨ ਸਮਾਰੋਹ 2025'' ਕਰਾਇਆ ਗਿਆ। ਇਸ ਸਮਾਰੋਹ ਦੇ ਮੁੱਖ ਮਹਿਮਾਨ, ਜਲੰਧਰ ਦੇ ਡਿਪਟੀ ਕਮਿਸ਼ਨਰ, ਹਿੰਮਾਸ਼ੂ ਅਗਰਵਾਲ ਸਨ।

ਇਸ ਮੌਕੇ ਬੋਲਦਿਆਂ, ਜਲੰਧਰ ਦੇ ਹੰਸ ਰਾਜ ਮਹਿਲਾ ਮਹਾਂਵਿਦਿਆਲਾ ਦੇ ਪ੍ਰਿੰਸੀਪਲ ਅਜੇ ਸਰੀਨ ਨੇ ਸੁਰਜੀਤ ਪਾਤਰ ਨੂੰ ਯਾਦ ਕੀਤਾ। ਇਸ ਤੋਂ ਬਾਅਦ ਕਲਾ ਪਰਿਸ਼ਦ ਦੇ ਚੇਅਰਮੈਨ, ਸਵਰਨਜੀਤ ਸਵੀ ਨੇ ਕਿਹਾ ਕਿ, ਅਸੀਂ ਪਾਤਰ ਸਾਹਿਬ ਦੇ ਜਨਮ ਦਿਨ 14 ਜਨਵਰੀ ਤੋ ਲੈ ਕੇ 29 ਮਾਰਚ ਤੱਕ 'ਪੰਜਾਬ ਨਵ ਸਿਰਜਣਾ' ਤਹਿਤ ਸਮਾਗਮਾਂ ਦੀ ਲੜੀ ਸ਼ੁਰੂ ਕੀਤੀ ਏ, ਜੋ ਨੌਜਵਾਨਾਂ, ਔਰਤਾਂ ਨੂੰ ਨਵ ਸਿਰਜਣਾ ਵੱਲ ਲੈ ਕੇ ਜਾਵੇਗਾ। ਉਹਨਾਂ ਨੇ ਪੰਜ ਪੰਜਾਬ ਗੌਰਵ ਤੇ ਦੋ ਮਾਤ ਭਾਸ਼ਾ ਆਵਾਰਡੀਆਂ ਬਾਰੇ ਵਿਸਥਾਰ ਨਾਲ ਦੱਸਿਆ। ਸਮਾਗਮ ਵਿਚ ਸਨਮਾਨ ਸਮਾਰੋਹ ਕਰਵਾਇਆ ਗਿਆ, ਜਿਸ ਵਿਚ ਪੰਜਾਬ ਗੌਰਵ award, ਉੱਘੇ ਗੁਰਮਤਿ ਸੰਗੀਤ ਗਿਆਤਾ ਭਾਈ ਬਲਦੀਪ ਸਿੰਘ ਨੂੰ ਪ੍ਰਦਾਨ ਕੀਤਾ ਗਿਆ। ਮਨਮੋਹਨ singh ਨੂੰ ਸਿਨੇਮਾ ਦੇ ਖੇਤਰ ਵਿਚ, ਸੁਭਾਸ਼ parihar ਨੂੰ ਲਲਿਤ ਕਲਾ ਦੇ ਖੇਤਰ ਵਿਚ, ਡਾ. ਮਹਿੰਦਰ ਕੁਮਾਰ ਨੂੰ ਰੰਗਮੰਚ ਵਿਚ ਪਾਏ ਉੱਘੇ ਯੋਗਦਾਨ ਲਈ ਅਤੇ ਜਸਵੰਤ ਜ਼ਫ਼ਰ ਨੂੰ ਸਾਹਿਤ ਵਿਚ, ਪੰਜਾਬ ਗੌਰਵ ਐਵਾਰਡ ਪ੍ਰਦਾਨ ਕੀਤਾ ਗਿਆ. ਵਰਿੰਦਰ ਵਾਲੀਆ ਨੂੰ

ਪੱਤਰਕਾਰੀ ਅਤੇ ਗਲਪ ਵਿਚ ਯੋਗਦਾਨ ਪਾਉਣ ਲਈ 'ਪੰਜਾਬੀ ਮਾਤ ਭਾਸ਼ਾ' award ਨਾਲ ਸਨਮਾਨਿਆ ਗਿਆ।

---------------------------------------------------------------

ਖੇਡਾਂ'ਚ ਹਾਕੀ FIH ਪ੍ਰੋ ਲੀਗ 'ਚ ODISA ਦੇ ਭੁਵਨੇਸ਼ਵਰ 'ਚ ਇਸ ਸਮੇਂ ਭਾਰਤ ਤੇ ਸਪਿਨ ਦਰਮਿਆਨ ਮਹਿਲਾ ਟੀਮ ਦਾ ਮੈਚ ਜਾਰੀ ਏ . ਦੂਜੇ ਪਾਸੇ ਅੱਜ ਓਡੀਸ਼ਾ ਵਿੱਚ ਹੀ ਭੁਵਨੇਸ਼ਵਰ ਦੇ ਕਲਿੰਗਾ ਹਾਕੀ ਸਟੇਡੀਅਮ 'ਚ, ਭਾਰਤ ਦੀ ਮਰਦਾਂ ਦੀ ਟੀਮ ਦਾ ਮੁਕਾਬਲਾ ਜਰਮਨੀ ਨਾਲ ਹੋਵੇਗਾ। ਮਹਿਲਾ ਪ੍ਰੀਮੀਅਰ ਕ੍ਰਿਕਟ ਲੀਗ ਅਤੇ ਖੇਲੋ ਇੰਡੀਆ ਵਿੰਟਰ ਗੇਮਜ਼ ਦੇ ਮੁਕਾਬਲੇ ਵੀ ਹੋਣਗੇ ।ਪੇਸ਼ ਏ ਇੱਕ ਰਿਪੋਰਟ :ਹਾਕੀ FIH ਪ੍ਰੋ ਲੀਗ ਵਿੱਚ, ਹਰਮਨਪ੍ਰੀਤ ਸਿੰਘ ਦੀ ਕਪਤਾਨੀ ਵਾਲੀ ਭਾਰਤ ਦੀ ਮਰਦਾਂ ਦੀ ਟੀਮ ਦਾ ਮੁਕਾਬਲਾ ਅੱਜ ਸ਼ਾਮ ਓਡੀਸ਼ਾ ਵਿੱਚ, ਭੁਵਨੇਸ਼ਵਰ ਦੇ ਕਲਿੰਗਾ ਹਾਕੀ ਸਟੇਡੀਅਮ 'ਚ ਜਰਮਨੀ ਨਾਲ ਹੋਵੇਗਾ। ਮੈਚ ਸ਼ਾਮੀ ਸਾਢੇ 7 ਵਜੇ ਸ਼ੁਰੂ ਹੋਵੇਗਾ। ਭਾਰਤ ਨੇ ਹੁਣ ਤੱਕ ਦੋ ਮੈਚ ਖੇਡੇ ਨੇ ਅਤੇ ਫਿਲਹਾਲ ਭਾਰਤ ਤਿੰਨ ਅੰਕਾਂ ਨਾਲ ਅੰਕ ਸੂਚੀ 'ਚ ਅੱਠਵੇਂ ਸਥਾਨ 'ਤੇ ਏ । ਦੂਜੇ ਪਾਸੇ, ਕ੍ਰਿਕਟ ਵਿੱਚ, ਮਹਿਲਾ ਪ੍ਰੀਮੀਅਰ ਲੀਗ 'ਚ,

ਅੱਜ ਵਡੋਦਰਾ ਦੇ ਕੋਟੰਬੀ ਸਟੇਡੀਅਮ ਵਿੱਚ, ਗੁਜਰਾਤ ਜਾਇੰਟਸ ਦਾ ਮੁਕਾਬਲਾ ਮੁੰਬਈ ਇੰਡੀਅਨਜ਼ ਨਾਲ ਹੋਵੇਗਾ। ਇਹ ਮੈਚ ਸ਼ਾਮੀ ਸਾਢੇ 7 ਵਜੇ ਸ਼ੁਰੂ ਹੋਵੇਗਾ। ਇਸ ਦੌਰਾਨ, ਖੇਲੋ ਇੰਡੀਆ ਵਿੰਟਰ ਗੇਮਜ਼ 2025 ਦਾ ਦੂਜਾ ਅਤੇ ਆਖਰੀ ਪੜਾਅ, ਭਾਰੀ ਬਰਫਬਾਰੀ ਕਾਰਨ ਮੁਲਤਵੀ ਕਰ ਦਿੱਤਾ ਗਿਆ ਏ। ਇਹ ਖੇਡ ਮੁਕਾਬਲੇ, ਜੰਮੂ-ਕਸ਼ਮੀਰ ਦੇ ਗੁਲਮਰਗ 'ਚ ਹੋਣੇ ਸੀ। ਖੇਡਾਂ ਦਾ ਸੋਧਿਆ ਹੋਇਆ ਪ੍ਰੋਗਰਾਮ, ਮੌਸਮ ਅਨੁਕੂਲ ਹੋਣ ਤੋਂ ਬਾਅਦ ਜਾਰੀ ਕੀਤਾ ਜਾਵੇਗਾ।

---------------------------------------------------------------

- ਕੇਂਦਰ ਸਰਕਾਰ ਨੇ ਮਾਲੀ ਸਾਲ 2024-25 ਦੌਰਾਨ ਪੰਜਾਬ ਵਿੱਚ ਦਿਹਾਤੀ ਸਥਾਨਕ ਸੰਸਥਾਵਾਂ ਲਈ 15ਵੇਂ ਵਿੱਤ ਕਮਿਸ਼ਨ ਦੀਆਂ ਗ੍ਰਾਂਟਾਂ ਜਾਰੀ ਕਰ ਦੀਤੀਆਂ ਨੇ. ਸੂਬੇ ਨੂੰ 225 ਕਰੋੜ ਰੁਪਏ ਤੋਂ ਵੱਧ ਦੀ ਅਨਟਾਈਡ ਗ੍ਰਾਂਟਾਂ ਦੀ ਪਹਿਲੀ ਕਿਸ਼ਤ ਜਾਰੀ ਕੀਤੀ ਗਈ ਏ ।
- ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ (PM-FBY) ਨੇ ਅੱਜ ਨੌਂ ਸਾਲ ਪੂਰੇ ਕਰ ਲਏ ਨੇ।

- ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਦਾ ਕਹਿਣਾ ਏ ਕਿ ਸੂਬਾ ਸਰਕਾਰ ਆਮ ਲੋਕਾਂ ਨੂੰ ਸੁਚੱਜਾ ਪ੍ਰਸ਼ਾਸਨ ਦੇਣ ਲਈ ਵਚਨਬੱਧ ਤੇ ਯਤਨਸ਼ੀਲ .
- ਪੰਜਾਬ ਪੱਛੜੀਆਂ ਸ਼੍ਰੇਣੀਆਂ ਭੌਂ ਵਿਕਾਸ ਅਤੇ ਵਿੱਤ ਨਿਗਮ (ਬੈਕ-ਫਿੰਕੋ) ਦੇ ਚੇਅਰਮੈਨ, ਸੰਦੀਪ ਸੈਣੀ ਨੇ ਪੰਜਾਬ ਦੇ ਨੌਜਵਾਨਾਂ, ਵਿਸ਼ੇਸ਼ ਤੌਰ ਤੇ ਜੋ ਬੀਤੇ ਦਿਨੀ ਵਿਦੇਸ਼ੋਂ ਵਾਪਿਸ ਆਏ ਨੌਜੁਆਨਾਂ ਨੂੰ ਅਪੀਲ ਕੀਤੀ ਏ ਕਿ ਉਹ ਨਿਗਮ ਵੱਲੋਂ ਪ੍ਰਦਾਨ ਕੀਤੀਆਂ ਗਈਆਂ ਘੱਟ ਵਿਆਜ ਵਾਲੀਆਂ ਕਰਜ਼ਾ ਸਕੀਮਾਂ ਦਾ ਲਾਭ ਲੈਣ।
- ਪੰਜਾਬ ਕਲਾ ਪਰਿਸ਼ਦ, ਚੰਡੀਗੜ੍ਹ ਵੱਲੋਂ, ਐਚ. ਐਮ. ਵੀ, ਕਾਲਜ ਜਲੰਧਰ ਦੇ ਸਹਿਯੋਗ ਨਾਲ,  ਮਹਿੰਦਰ ਸਿੰਘ ਰੰਧਾਵਾ, ਸੁਰਜੀਤ ਪਾਤਰ ਅਤੇ ਮਾਤ ਭਾਸ਼ਾ ਨੂੰ ਸਮਰਪਿਤ 'ਪੰਜਾਬ ਗੌਰਵ ਅਤੇ ਮਾਤ ਭਾਸ਼ਾ ਸਨਮਾਨ ਸਮਾਰੋਹ 2025 ਕਰਾਇਆ ਗਿਆ.